ਆਸਾ ਮਹਲਾ ੩ ॥ ਸਭ ਨਾਵੈ ਨੋ ਲੋਚਦੀ ਜਿਸੁ ਕ੍ਰਿਪਾ ਕਰੇ ਸੋ ਪਾਏ ॥ ਬਿਨੁ ਨਾਵੈ ਸਭੁ ਦੁਖੁ ਹੈ ਸੁਖੁ ਤਿਸੁ ਜਿਸੁ ਮੰਨਿ ਵਸਾਏ ॥੧॥ ਤੂੰ ਬੇਅੰਤੁ ਦਇਆਲੁ ਹੈ ਤੇਰੀ ਸਰਣਾਈ ॥ ਗੁਰ ਪੂਰੇ ਤੇ ਪਾਈਐ ਨਾਮੇ ਵਡਿਆਈ ॥੧॥ ਰਹਾਉ ॥ ਅੰਤਰਿ ਬਾਹਰਿ ਏਕੁ ਹੈ ਬਹੁ ਬਿਧਿ ਸ੍ਰਿਸਟਿ ਉਪਾਈ ॥ ਹੁਕਮੇ ਕਾਰ ਕਰਾਇਦਾ ਦੂਜਾ ਕਿਸੁ ਕਹੀਐ ਭਾਈ ॥੨॥ ਬੁਝਣਾ ਅਬੁਝਣਾ ਤੁਧੁ ਕੀਆ ਇਹ ਤੇਰੀ ਸਿਰਿ ਕਾਰ ॥ ਇਕਨ੍ਹਾ ਬਖਸਿਹਿ ਮੇਲਿ ਲੈਹਿ ਇਕਿ ਦਰਗਹ ਮਾਰਿ ਕਢੇ ਕੂੜਿਆਰ ॥੩॥ ਇਕਿ ਧੁਰਿ ਪਵਿਤ ਪਾਵਨ ਹਹਿ ਤੁਧੁ ਨਾਮੇ ਲਾਏ ॥ ਗੁਰ ਸੇਵਾ ਤੇ ਸੁਖੁ ਊਪਜੈ ਸਚੈ ਸਬਦਿ ਬੁਝਾਏ ॥੪॥ ਇਕਿ ਕੁਚਲ ਕੁਚੀਲ ਵਿਖਲੀ ਪਤੇ ਨਾਵਹੁ ਆਪਿ ਖੁਆਏ ॥ ਨਾ ਓਨ ਸਿਧਿ ਨ ਬੁਧਿ ਹੈ ਨ ਸੰਜਮੀ ਫਿਰਹਿ ਉਤਵਤਾਏ ॥੫॥ ਨਦਰਿ ਕਰੇ ਜਿਸੁ ਆਪਣੀ ਤਿਸ ਨੋ ਭਾਵਨੀ ਲਾਏ ॥ ਸਤੁ ਸੰਤੋਖੁ ਇਹ ਸੰਜਮੀ ਮਨੁ ਨਿਰਮਲੁ ਸਬਦੁ ਸੁਣਾਏ ॥੬॥ ਲੇਖਾ ਪੜਿ ਨ ਪਹੂਚੀਐ ਕਥਿ ਕਹਣੈ ਅੰਤੁ ਨ ਪਾਇ ॥ ਗੁਰ ਤੇ ਕੀਮਤਿ ਪਾਈਐ ਸਚਿ ਸਬਦਿ ਸੋਝੀ ਪਾਇ ॥੭॥ ਇਹੁ ਮਨੁ ਦੇਹੀ ਸੋਧਿ ਤੂੰ ਗੁਰ ਸਬਦਿ ਵੀਚਾਰਿ ॥ ਨਾਨਕ ਇਸੁ ਦੇਹੀ ਵਿਚਿ ਨਾਮੁ ਨਿਧਾਨੁ ਹੈ ਪਾਈਐ ਗੁਰ ਕੈ ਹੇਤਿ ਅਪਾਰਿ ॥੮॥੧੦॥੩੨॥ {ਪੰਨਾ 427}

ਪਦਅਰਥ:- ਨਾਵੈ ਨੋ—ਹਰਿ-ਨਾਮ ਨੂੰ। ਸੋ—ਉਹ ਮਨੁੱਖ। ਤਿਸੁ—ਉਹ ਮਨੁੱਖ ਨੂੰ। ਮੰਨਿ—ਮਨ, ਮਨ ਵਿਚ।1।

ਦਇਆਲੁ—ਦਇਆ ਦਾ ਘਰ। ਹੈ—ਹੈਂ। ਤੇ—ਤੋਂ, ਪਾਸੋਂ। ਨਾਮੇ—ਨਾਮਿ ਹੀ, ਨਾਮ ਦੀ ਰਾਹੀਂ ਹੀ। ਵਡਿਆਈ—ਇੱਜ਼ਤ।1। ਰਹਾਉ।

ਏਕੁ—ਸਿਰਫ਼ ਪਰਮਾਤਮਾ। ਬਹੁ ਬਿਧਿ—ਕਈ ਕਿਸਮਾਂ ਦੀ। ਹੁਕਮੇ—ਆਪਣੇ ਹੁਕਮ ਵਿਚ ਹੀ। ਕਿਸੁ—ਕਿਸ ਨੂੰ? ਭਾਈ—ਹੇ ਭਾਈ!।2।

ਬੁਝਣਾ—ਸਮਝ। ਅਬੁਝਣਾ—ਬੇ-ਸਮਝੀ। ਸਿਰਿ—(ਹਰੇਕ ਦੇ) ਸਿਰ ਉੱਤੇ। ਮੇਲਿ ਲੈਹਿ—ਤੂੰ ਮਿਲਾ ਲੈਂਦਾ ਹੈਂ। ਕੂੜਿਆਰ—ਝੂਠੇ।3।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ}। ਧੁਰਿ—ਤੇਰੀ ਹਜ਼ੂਰੀ ਤੋਂ ਹੀ। ਸਚੈ ਸਬਦਿ—ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਦੀ ਰਾਹੀਂ।4।

ਕੁਚਲ—ਕੁਚੱਲਣੇ, ਖੋਟੀ ਚਾਲ ਵਾਲੇ। ਕੁਚੀਲ—ਗੰਦੇ। ਵਿਖਲੀ—ਦੁਰਾਚਾਰਨ। ਵਿਖਲੀਪਤੇ—ਦੁਰਾਚਾਰੀ ਮਨੁੱਖ। ਨਾਵਹੁ—ਨਾਮ ਤੋਂ। ਖੁਆਏ—ਖੁੰਝਾਏ। ਓਨ—ਉਹਨਾਂ ਨੂੰ। ਸਿਧਿ—ਸਫਲਤਾ। ਬੁਧਿ—ਅਕਲ। ਸੰਜਮੀ—ਚੰਗੀ ਰਹਿਣੀ ਵਾਲੇ। ਉਤਵਤਾਏ—ਉਖੜੇ ਹੋਏ, ਡਾਵਾਂ ਡੋਲ।5।

ਤਿਸ ਨੋ—{ਲਫ਼ਜ਼ 'ਤਿਸ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ}। ਭਾਵਨੀ—ਸਰਧਾ। ਸਤੁ-ਦਾਨ, ਦਇਆ।6।

ਕਥਿ—ਬਿਆਨ ਕਰ ਕੇ। ਕਹਣੈ—ਆਖਣ ਨਾਲ। ਤੇ—ਤੋਂ। ਸਚਿ—ਸਦਾ-ਥਿਰ ਹਰੀ ਵਿਚ। ਸਬਦਿ—ਸ਼ਬਦ ਵਿਚ।7।

ਦੇਹੀ—ਸਰੀਰ। ਸੋਧਿ—ਭਾਲ ਕਰ, ਪਰਖ। ਨਿਧਾਨੁ—ਖ਼ਜ਼ਾਨਾ। ਹੇਤਿ—ਪ੍ਰੇਮ ਦੀ ਰਾਹੀਂ। ਹੇਤਿ ਅਪਾਰਿ—ਅਤੁੱਟ ਪ੍ਰੇਮ ਦੀ ਰਾਹੀਂ।8।

ਅਰਥ:- ਹੇ ਪ੍ਰਭੂ! ਤੂੰ ਬੇਅੰਤ ਹੈਂ, ਤੂੰ ਦਇਆ ਦਾ ਸੋਮਾ ਹੈਂ, ਮੈਂ ਤੇਰੀ ਸਰਨ ਆਇਆ ਹਾਂ। (ਜੇ ਤੇਰੀ ਮੇਹਰ ਹੋਵੇ ਤਾਂ

ਤੇਰਾ ਨਾਮ) ਪੂਰੇ ਗੁਰੂ ਪਾਸੋਂ ਮਿਲਦਾ ਹੈ ਤੇ, ਤੇਰੇ ਨਾਮ ਦੀ ਬਰਕਤਿ ਨਾਲ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ।1। ਰਹਾਉ।

(ਹੇ ਭਾਈ! ਦੁੱਖਾਂ ਵਿਚ ਘਾਬਰ ਕੇ) ਸਾਰੀ ਲੁਕਾਈ ਹਰਿ-ਨਾਮ ਵਾਸਤੇ ਤਾਂਘ ਕਰਦੀ ਹੈ, ਪਰ ਉਹੀ ਮਨੁੱਖ ਹਰਿ-ਨਾਮ ਪ੍ਰਾਪਤ ਕਰਦਾ ਹੈ ਜਿਸ ਉਤੇ ਪ੍ਰਭੂ ਆਪ ਮੇਹਰ ਕਰਦਾ ਹੈ। ਹਰਿ-ਨਾਮ ਤੋਂ ਖੁੰਝਿਆਂ (ਜਗਤ ਵਿਚ) ਨਿਰਾ ਦੁੱਖ ਹੀ ਦੁੱਖ ਹੈ, ਸੁਖ ਸਿਰਫ਼ ਉਸ ਨੂੰ ਹੈ ਜਿਸ ਦੇ ਮਨ ਵਿਚ ਪ੍ਰਭੂ ਆਪਣਾ ਨਾਮ ਵਸਾਂਦਾ ਹੈ।1।

ਹੇ ਭਾਈ! ਪਰਮਾਤਮਾ ਨੇ ਇਹ ਕਈ ਰੰਗਾਂ ਦੀ ਦੁਨੀਆ ਪੈਦਾ ਕੀਤੀ ਹੋਈ ਹੈ, ਹਰੇਕ ਦੇ ਅੰਦਰ ਤੇ ਸਾਰੀ ਦੁਨੀਆ ਵਿਚ ਉਹ ਆਪ ਹੀ ਵੱਸਦਾ ਹੈ। ਪ੍ਰਭੂ ਆਪਣੇ ਹੁਕਮ ਅਨੁਸਾਰ ਹੀ ਸਭ ਜੀਵਾਂ ਪਾਸੋਂ ਕੰਮ ਕਰਾਂਦਾ ਹੈ, ਕੋਈ ਹੋਰ ਅਜੇਹੀ ਸਮਰਥਾ ਵਾਲਾ ਨਹੀਂ ਹੈ।2।

ਹੇ ਪ੍ਰਭੂ! ਸਮਝ ਤੇ ਬੇ-ਸਮਝੀ ਇਹ ਖੇਡ ਤੂੰ ਹੀ ਰਚੀ ਹੈ, ਹਰੇਕ ਜੀਵ ਦੇ ਸਿਰ ਉਤੇ ਤੇਰੀ ਹੀ ਫ਼ੁਰਮਾਈ ਹੋਈ ਕਰਨ-ਜੋਗ ਕਾਰ ਹੈ (ਤੇਰੇ ਹੀ ਹੁਕਮ ਵਿਚ ਕੋਈ ਸਮਝ ਵਾਲਾ ਤੇ ਕੋਈ ਬੇ-ਸਮਝੀ ਵਾਲਾ ਕੰਮ ਕਰਦਾ ਹੈ)। ਕਈ ਜੀਵਾਂ ਉਤੇ ਤੂੰ ਬਖ਼ਸ਼ਸ਼ ਕਰਦਾ ਹੈਂ (ਤੇ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈਂ) ਕਈ ਮਾਇਆ-ਵੇੜ੍ਹੇ ਜੀਵਾਂ ਨੂੰ ਆਪਣੀ ਹਜ਼ੂਰੀ ਵਿਚੋਂ ਧੱਕੇ ਮਾਰ ਕੇ ਬਾਹਰ ਕੱਢ ਦੇਂਦਾ ਹੈਂ।3।

ਹੇ ਪ੍ਰਭੂ! ਕਈ ਐਸੇ ਹਨ ਜਿਨ੍ਹਾਂ ਨੂੰ ਤੂੰ ਧੁਰੋਂ ਹੀ ਪਵਿਤ੍ਰ ਜੀਵਨ ਵਾਲੇ ਬਣਾ ਦਿੱਤਾ ਹੈ, ਤੂੰ ਉਹਨਾਂ ਨੂੰ ਆਪਣੇ ਨਾਮ ਵਿਚ ਜੋੜਿਆ ਹੋਇਆ ਹੈ। ਗੁਰੂ ਦੀ ਦੱਸੀ ਸੇਵਾ ਤੋਂ ਉਹਨਾਂ ਨੂੰ ਆਤਮਕ ਆਨੰਦ ਮਿਲਦਾ ਹੈ। ਗੁਰੂ ਉਹਨਾਂ ਨੂੰ ਸਦਾ-ਥਿਰ ਹਰਿ-ਨਾਮ ਵਿਚ ਜੋੜ ਕੇ (ਸਹੀ ਜੀਵਨ ਦੀ) ਸਮਝ ਬਖ਼ਸ਼ਦਾ ਹੈ।4।

ਹੇ ਭਾਈ! ਕਈ ਐਸੇ ਮਨੁੱਖ ਹਨ ਜੋ ਕੁਚੱਲਣੇ ਹਨ ਗੰਦੇ ਹਨ ਦੁਰਾਚਾਰੀ ਹਨ, ਉਹਨਾਂ ਨੂੰ ਪਰਮਾਤਮਾ ਨੇ ਆਪਣੇ ਨਾਮ ਵਲੋਂ ਖੁੰਝਾ ਰੱਖਿਆ ਹੈ ਉਹਨਾਂ ਜ਼ਿੰਦਗੀ ਵਿਚ ਕਾਮਯਾਬੀ ਨਹੀਂ ਖੱਟੀ, ਚੰਗੀ ਅਕਲ ਨਹੀਂ ਸਿੱਖੀ, ਉਹ ਚੰਗੀ ਰਹਿਣੀ ਵਾਲੇ ਨਹੀਂ ਬਣੇ, ਡਾਵਾਂ ਡੋਲ ਭਟਕਦੇ ਫਿਰਦੇ ਹਨ।5।

ਹੇ ਭਾਈ! ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ ਉਸ ਦੇ ਅੰਦਰ ਆਪਣੇ ਨਾਮ ਦੀ ਸਰਧਾ ਪੈਦਾ ਕਰਦਾ ਹੈ, ਉਸ ਨੂੰ (ਗੁਰੂ ਦੀ ਰਾਹੀਂ ਆਪਣੀ ਸਿਫ਼ਤਿ-ਸਾਲਾਹ ਦਾ) ਸ਼ਬਦ ਸੁਣਾਂਦਾ ਹੈ, ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ। ਸੇਵਾ ਕਰਨੀ, ਸੰਤੋਖ ਧਾਰਨਾ—ਉਹ ਮਨੁੱਖ ਇਸ ਕਿਸਮ ਦੀ ਰਹਿਣੀ ਵਾਲਾ ਬਣ ਜਾਂਦਾ ਹੈ।6।

(ਹੇ ਭਾਈ! ਪ੍ਰਭੂ ਬੇਅੰਤ ਗੁਣਾਂ ਦਾ ਮਾਲਕ ਹੈ ਉਸ ਦੇ ਗੁਣਾਂ ਦਾ) ਹਿਸਾਬ ਕਰ ਕੇ (ਗੁਣਾਂ ਦੇ ਅਖ਼ੀਰ ਤਕ) ਪਹੁੰਚ ਨਹੀਂ ਸਕੀਦਾ, ਉਸ ਦੇ ਗੁਣ ਗਿਣ ਗਿਣ ਕੇ ਬਿਆਨ ਕਰ ਕਰ ਕੇ ਗੁਣਾਂ ਦੀ ਗਿਣਤੀ ਮੁਕਾ ਨਹੀਂ ਸਕੀਦੀ। ਉਸ ਪ੍ਰਭੂ ਦੀ ਕਦਰ-ਕੀਮਤਿ ਗੁਰੂ ਪਾਸੋਂ ਮਿਲਦੀ ਹੈ (ਕਿ ਉਹ ਬੇਅੰਤ ਹੈ ਬੇਅੰਤ ਹੈ)। ਗੁਰੂ ਆਪਣੇ ਸ਼ਬਦ ਵਿਚ ਜੋੜਦਾ ਹੈ, ਗੁਰੂ ਸਦਾ-ਥਿਰ ਹਰਿ-ਨਾਮ ਵਿਚ ਜੋੜਦਾ ਹੈ, ਤੇ ਸੂਝ ਬਖ਼ਸ਼ਦਾ ਹੈ।7।

ਹੇ ਭਾਈ! ਤੂੰ ਆਪਣੇ ਇਸ ਮਨ ਨੂੰ ਖੋਜ, ਆਪਣੇ ਸਰੀਰ ਨੂੰ ਖੋਜ, ਗੁਰੂ ਦੇ ਸ਼ਬਦ ਵਿਚ ਜੁੜ ਕੇ ਵਿਚਾਰ ਕਰ। ਹੇ ਨਾਨਕ! ਸਾਰੇ ਸੁਖਾਂ ਦਾ ਖ਼ਜ਼ਾਨਾ ਹਰਿ-ਨਾਮ ਸਰੀਰ ਦੇ ਵਿਚ ਹੀ ਹੈ। ਗੁਰੂ ਦੀ ਅਪਾਰ ਮੇਹਰ ਨਾਲ ਹੀ ਮਿਲਦਾ ਹੈ।8।10। 32।